ਗੂਜਰੀ ਮਹਲਾ ੫ ॥ ਦਿਨੁ ਰਾਤੀ ਆਰਾਧਹੁ ਪਿਆਰੋ ਨਿਮਖ ਨ ਕੀਜੈ ਢੀਲਾ ॥ ਸੰਤ ਸੇਵਾ ਕਰਿ ਭਾਵਨੀ ਲਾਈਐ ਤਿਆਗਿ ਮਾਨੁ ਹਾਠੀਲਾ ॥ ੧॥ ਮੋਹਨੁ ਪ੍ਰਾਨ ਮਾਨ ਰਾਗੀਲਾ ॥ ਬਾਸਿ ਰਹਿਓ ਹੀਅਰੇ ਕੈ ਸੰਗੇ ਪੇਖਿ ਮੋਹਿਓ ਮਨੁ ਲੀਲਾ ॥੧॥ ਰਹਾਉ ॥ ਜਿਸੁ ਸਿਮਰਤ ਮਨਿ ਹੋਤ ਅਨੰਦਾ ਉਤਰੈ ਮਨਹੁ ਜੰਗੀਲਾ ॥ ਮਿਲਬੇ ਕੀ ਮਹਿਮਾ ਬਰਨਿ ਨ ਸਾਕਉ ਨਾਨਕ ਪਰੈ ਪਰੀਲਾ ॥੨॥੪॥੧੩॥ {ਪੰਨਾ 498}

ਪਦਅਰਥ:- ਪਿਆਰੋ—ਪਿਆਰੇ (ਹਰੀ) ਨੂੰ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਢੀਲਾ—ਢਿੱਲ। ਸੰਤ—ਗੁਰੂ। ਕਰਿ—ਕਰ ਕੇ। ਭਾਵਨੀ—ਸਰਧਾ। ਲਾਈਐ—ਬਣਾਣੀ ਚਾਹੀਦੀ ਹੈ। ਤਿਆਗਿ—ਤਿਆਗ ਕੇ। ਹਾਠੀਲਾ—ਹਠ।1।

ਮੋਹਨੁ—ਸੁੰਦਰ ਪ੍ਰਭੂ। ਪ੍ਰਾਨ ਮਾਨ—ਜਿੰਦ ਦਾ ਫ਼ਖ਼ਰ। ਰਾਗੀਲਾ—ਰੰਗੀਲਾ, ਸਦਾ ਖਿੜੇ ਸੁਭਾਵ ਵਾਲਾ। ਹੀਅਰੇ ਕੈ ਸੰਗੇ—(ਮੇਰੇ) ਹਿਰਦੇ ਦੇ ਨਾਲ। ਹੀਅਰਾ—ਹਿਰਦਾ। ਪੇਖਿ—ਵੇਖ ਕੇ। ਲੀਲਾ—ਕੌਤਕ।1। ਰਹਾਉ।

ਮਨਿ—ਮਨ ਵਿਚ {ਲਫ਼ਜ਼ 'ਮਨੁ' ਅਤੇ 'ਮਨਿ' ਦਾ ਫ਼ਰਕ ਵੇਖੋ}। ਮਨਹੁ—ਮਨ ਤੋਂ। ਜੰਗੀਲਾ—ਜੰਗਾਲ, ਮੈਲ। ਮਿਲਬੇ ਕੀ—(ਉਸ ਪਰਮਾਤਮਾ ਨੂੰ) ਮਿਲਣ ਦੀ। ਮਹਿਮਾ—ਵਡਿਆਈ। ਸਾਕਉ—ਸਾਕਉਂ।2।

ਅਰਥ:- ਹੇ ਭਾਈ! ਸੁੰਦਰ ਹਰੀ ਸਦਾ ਖਿੜੇ ਸੁਭਾਵ ਵਾਲਾ ਹੈ, ਮੇਰੀ ਜਿੰਦ ਦਾ ਮਾਣ ਹੈ। ਉਹ ਸੁੰਦਰ ਹਰੀ (ਸਦਾ) ਮੇਰੇ ਹਿਰਦੇ ਨਾਲ ਵੱਸ ਰਿਹਾ ਹੈ, ਮੇਰਾ ਮਨ ਉਸ ਦੇ ਕੌਤਕ ਵੇਖ ਵੇਖ ਕੇ ਮਸਤ ਹੋ ਰਿਹਾ ਹੈ।1। ਰਹਾਉ।

ਹੇ ਭਾਈ! ਉਸ ਪਿਆਰੇ ਹਰੀ ਨੂੰ ਦਿਨ ਰਾਤ ਹਰ ਵੇਲੇ ਸਿਮਰਦੇ ਰਿਹਾ ਕਰੋ, ਅੱਖ ਦੇ ਝਮਕਣ ਜਿਤਨੇ ਸਮੇ ਲਈ ਭੀ (ਇਸ ਕੰਮ ਤੋਂ) ਢਿੱਲ ਨਹੀਂ ਕਰਨੀ ਚਾਹੀਦੀ। (ਹੇ ਭਾਈ! ਆਪਣੇ ਮਨ ਵਿਚੋਂ) ਅਹੰਕਾਰ ਤੇ ਹਠ ਤਿਆਗ ਕੇ, ਗੁਰੂ ਦੀ ਦੱਸੀ ਸੇਵਾ ਕਰ ਕੇ, (ਪਰਮਾਤਮਾ ਦੇ ਚਰਨਾਂ ਵਿਚ) ਸਰਧਾ ਬਣਾਣੀ ਚਾਹੀਦੀ ਹੈ।1।

ਹੇ ਨਾਨਕ! (ਆਖ—ਹੇ ਭਾਈ!) ਜਿਸ ਪਰਮਾਤਮਾ ਦਾ ਸਿਮਰਨ ਕਰਦਿਆਂ ਮਨ ਵਿਚ ਆਨੰਦ ਪੈਦਾ ਹੁੰਦਾ ਹੈ, ਤੇ ਮਨ ਵਿਚੋਂ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ, ਉਸ ਦੇ ਚਰਨਾਂ ਵਿਚ ਜੁੜਨ ਦੀ ਵਡਿਆਈ ਮੈਂ ਬਿਆਨ ਨਹੀਂ ਕਰ ਸਕਦਾ, ਵਡਿਆਈ ਪਰੇ ਤੋਂ ਪਰੇ ਹੈ (ਪਾਰਲਾ ਬੰਨਾ ਨਹੀਂ ਲੱਭ ਸਕਦਾ)।2।4।13।